# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 10-06-2024**

- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ ਅੱਜ ਤੀਜੀ ਵਾਰ ਪ੍ਰਧਾਨ ਮੰਤਰੀ ਵਜੋਂ ਅਹੁਦਾ ਸੰਭਾਲਿਆ- ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਦੀ 17ਵੀਂ ਕਿਸ਼ਤ ਜਾਰੀ ਕੀਤੀ।
- ਜਲੰਧਰ ਪੱਛਮੀ ਵਿਧਾਨ ਸਭਾ ਸੀਟ ਲਈ ਜ਼ਿਮਨੀ ਚੋਣ ਲਈ ਵੋਟਾਂ 10 ਜੁਲਾਈ ਨੂੰ।
- ਸ਼ਹੀਦਾਂ ਦੇ ਸਿਰਤਾਜ 5ਵੇਂ ਪਾਤਸ਼ਾਹ, ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ।
- ਲੁਧਿਆਣਾ ਵਿਖੇ ਸਤਲੁਜ ਦਰਿਆ 'ਚ ਨਹਾਉਣ ਗਏ 7 ਨੌਜਵਾਨਾਂ ਵਿਚੋਂ 5 ਡੁੱਬੇ, 2 ਦੀ ਮੌਤ ਤੇ ਬਾਕੀਆਂ ਦੀ ਭਾਲ ਜਾਰੀ ।

---------------------------------------------------------------------

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ, ਅੱਜ ਤੀਜੀ ਵਾਰ ਪ੍ਰਧਾਨ ਮੰਤਰੀ ਵਜੋਂ ਅਹੁਦਾ ਸੰਭਾਲ ਲਿਆ ਏ। ਅਹੁਦਾ ਸੰਭਾਲਣ ਤੋਂ ਬਾਅਦ, ਸ਼੍ਰੀ ਮੋਦੀ ਨੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਦੀ 17ਵੀਂ ਕਿਸ਼ਤ ਜਾਰੀ ਕਰਨ ਵਾਲੀ ਪਹਿਲੀ ਫਾਈਲ 'ਤੇ ਦਸਤਖਤ ਕੀਤੇ। ਇਸ ਨਾਲ ਕਰੀਬ 20 ਹਜ਼ਾਰ ਕਰੋੜ ਰੁਪਏ ਦੀ ਵੰਡ ਦੇ ਨਾਲ, 9 ਕਰੋੜ 30 ਲੱਖ ਕਿਸਾਨਾਂ ਨੂੰ ਫਾਇਦਾ ਹੋਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਨਵੀਂ ਸਰਕਾਰ ਦਾ, ਉਨ੍ਹਾਂ ਦਾ ਪਹਿਲਾ ਫੈਸਲਾ ਕਿਸਾਨ ਭਲਾਈ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ, ਕਿਸਾਨਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਏ।

---------------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦਸਿਆ ਏ ਕਿ ਜਲੰਧਰ ਪੱਛਮੀ (ਰਾਖਵੀਂ ) ਸੀਟ ਦੀ ਜ਼ਿਮਨੀ ਚੋਣ ਲਈ, 10 ਜੁਲਾਈ ਨੂੰ ਵੋਟਾਂ ਪੈਣਗੀਆਂ। ਇਸ ਬਾਰੇ ਭਾਰਤੀ ਚੋਣ ਕਮਿਸ਼ਨ ਵੱਲੋਂ ਚੋਣ ਪ੍ਰੋਗਰਾਮ ਜਾਰੀ

ਕਰ ਦਿੱਤਾ ਗਿਆ ਏ । ਸਿਬਿਨ ਸੀ ਨੇ ਦੱਸਿਆ ਕਿ 14 ਜੂਨ ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ ਅਤੇ ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ 21 ਜੂਨ ਹੋਵੇਗੀ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 24 ਜੂਨ ਨੂੰ ਜਦਕਿ ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਆਖਰੀ ਤਾਰੀਖ 26 ਜੂਨ ਏ । ਉਨ੍ਹਾਂ ਦੱਸਿਆ ਕਿ 10 ਜੁਲਾਈ ਨੂੰ ਵੋਟਾਂ ਪੈਣਗੀਆਂ ਅਤੇ 13 ਜੁਲਾਈ ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਨਤੀਜਾ ਐਲਾਨਿਆ ਜਾਵੇਗਾ । ਸਿਬਿਨ ਸੀ ਨੇ ਦੱਸਿਆ ਕਿ ਜ਼ਿਮਨੀ ਚੋਣ ਦੇ ਐਲਾਨ ਦੇ ਨਾਲ ਹੀ ਅੱਜ ਤੋਂ ਜਲੰਧਰ ਪੱਛਮੀ ਹਲਕੇ ਵਿੱਚ ਚੋਣ ਜ਼ਾਬਤਾ ਲਾਗੂ ਹੋ ਗਿਆ ਏ । ਇਹ ਜ਼ਾਬਤਾ 15 ਜੁਲਾਈ ਤੱਕ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਲਾਗੂ ਰਹੇਗਾ । ਜ਼ਿਕਰਯੋਗ ਏ ਕਿ ਵਿਧਾਇਕ ਸ਼ੀਤਲ ਅੰਗੂਰਾਲ ਵੱਲੋਂ ਅਸਤੀਫ਼ਾ ਦੇਣ ਤੋਂ ਬਾਅਦ ਇਹ ਸੀਟ ਖਾਲੀ ਹੋਈ ਸੀ ।

---------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ

ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮਾਂ 'ਤੇ ਖਾਸ ਨਜ਼ਰ ਰੱਖੀ ਗਈ ਏ। ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, 'ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ'ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ ਏ। ਮੋਹਾਲੀ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ ਕਾਫੀ ਫਾਇਦੇਮੰਦ ਦੱਸਦੇ ਨੇ।

-----------------------------------------------------------

ਮਾਲਵਾ ਖੇਤਰ ਦੇ 6 ਜ਼ਿਲ੍ਹਿਆਂ ਵਿੱਚ ਭਲਕੇ 11 ਜੂਨ ਤੋਂ ਝੋਨੇ ਦੀ ਲੁਵਾਈ ਸ਼ੁਰੂ ਹੋਣ ਜਾ ਰਹੀ ਏ । ਮਾਨਸਾ ਸਮੇਤ ਬਠਿੰਡਾ, ਫਰੀਦਕੋਟ, ਮੁਕਤਸਰ ਸਾਹਿਬ, ਫਿਰੋਜ਼ਪੁਰ, ਫਾਜ਼ਲਿਕਾ ਜ਼ਿਲ੍ਹਿਆਂ ਵਿੱਚ ਕੱਲ੍ਹ ਤੋਂ ਝੋਨੇ ਦੀ ਲਵਾਈ ਦੇ ਪੰਜਾਬ ਸਰਕਾਰ ਵੱਲੋਂ ਹੁਕਮ ਜਾਰੀ ਕੀਤੇ ਨੇ , ਜਦੋਂ ਕਿ ਮੋਗਾ, ਸੰਗਰੂਰ, ਬਰਨਾਲਾ, ਮਲੇਰਕੋਟਲਾ, ਪਟਿਆਲਾ,ਫਤਿਹਗੜ੍ਹ ਸਾਹਿਬ,ਐਸ.ਏ.ਐਸ ਨਗਰ, ਪਟਿਆਲਾ, ਰੂਪ ਨਗਰ, ਲੁਧਿਆਣਾ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ, ਸ਼ਹੀਦ

ਭਗਤ ਸਿੰਘ ਨਗਰ, ਤਰਨਤਾਰਨ, ਅੰਮ੍ਰਿਤਸਰ,ਪਠਾਨਕੋਟ ਵਿੱਚ 15 ਜੂਨ ਤੋਂ ਝੋਨਾ ਲਾਉਣ ਦੇ ਹੁਕਮ ਦਿੱਤੇ ਗਏ ਨੇ । ਮਾਲਵਾ ਖੇਤਰ ਵਿੱਚ ਝੋਨੇ ਦੀ ਲਵਾਈ ਨੂੰ ਲੈਕੇ, ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਅਧਿਕਾਰੀਆਂ ਦਾ ਕਹਿਣਾ ਏ ਕਿ ਕਿਸਾਨਾਂ ਨੂੰ ਲਗਾਤਾਰ 8 ਘੰਟੇ ਬਿਜਲੀ ਸਪਲਾਈ ਅੱਜ ਅੱਧੀ ਰਾਤ ਤੋਂ ਮਿਲਣੀ ਆਰੰਭ ਹੋ ਜਾਵੇਗੀ । ਕਿਸਾਨਾਂ ਨੂੰ ਲੋੜੀਂਦੀ ਬਿਜਲੀ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਤਲਵੰਡੀ ਸਾਬੋ ਪਾਵਰ ਲਿਮਟਿਡ ਦੇ ਬਣਾਂਵਾਲਾ ਵਿਖੇ ਸਥਿਤ ਤਾਪ ਘਰ ਅਤੇ ਸਰਕਾਰੀ ਖੇਤਰ ਹੇਠਲੇ ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਨੂੰ ਚਲਾਉਣ ਲਈ ਬਕਾਇਦਾ ਹੁਕਮ ਜਾਰੀ ਕੀਤੇ ਗਏ ਨੇ । ਮਾਨਸਾ ਤੋਂ ਸਾਡੇ ਪਤਰਕਾਰ ਜੋਗਿੰਦਰ ਮਾਨ ਮੁਤਾਬਿਕ ਇਸ ਵਾਰ ਕਿਸਾਨਾਂ ਵਿੱਚ ਝੋਨੇ ਦੀ ਸਿੱਧੀ ਬਿਜਾਈ ਦਾ ਵੀ ਬਹੁਤ ਰੁਝਾਨ ਵੱਧਿਆ ਏ ।

---------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲਾ, ਯੋਗ ਅਭਿਆਸ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ

ਕਰ ਰਿਹਾ ਏ । ਸੰਯੁਕਤ ਰਾਸ਼ਟਰ ਵਲੋਂ 2014 ਵਿੱਚ ਅਪਣਾਏ ਜਾਣ ਤੋਂ ਬਾਅਦ ਹਰ ਸਾਲ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਵਿਸ਼ਵ ਭਰ ਵਿੱਚ ਪੂਰੇ ਜੋਸ਼ ਨਾਲ ਮਨਾਇਆ ਜਾਂਦਾ ਏ । ਕੌਮਾਂਤਰੀ ਯੋਗ ਦਿਵਸ 2023 ਵਿੱਚ 23 ਕਰੋੜ ਤੋਂ ਵੱਧ ਲੋਕਾਂ ਨੇ ਹਿੱਸਾ ਲਿਆ ਸੀ । ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਫਰੀਦਕੋਟ ਅਤੇ ਤਰਨਤਾਰਨ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਸਾਨੂ ਸਾਰਿਆਂ ਨੂੰ, ਨਿਰੋਗ ਰਹਿਣ ਲਈ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਏ।

---------------------------------------------------------

ਸ਼ਹੀਦਾਂ ਦੇ ਸਿਰਤਾਜ 5ਵੇਂ ਪਾਤਸ਼ਾਹ, ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦਾ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ । ਇਸ ਸਬੰਧ ਚ ਸ਼੍ਰੋਮਣੀ ਕਮੇਟੀ ਵਲੋਂ, ਇਤਿਹਾਸਿਕ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ, ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਇਸ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਨਿਰਮਲ ਜੀਤ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ।

ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ ਨੇ, ਸੰਗਤ ਨਾਲ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਜੀਵਨ ਇਤਿਹਾਸ ਸਬੰਧੀ ਵਿਚਾਰਾਂ ਕੀਤੀਆਂ। ਉਨ੍ਹਾ ਕਿਹਾ ਕਿ ਗੁਰੂ ਸਾਹਿਬ ਨੇ ਹੱਕ, ਸੱਚ ਦੀ ਖ਼ਾਤਰ ਆਪਣੀ ਸ਼ਹਾਦਤ ਦਿੱਤੀ ਅਤੇ ਜਬਰ ਦਾ ਮੁਕਾਬਲਾ ਕਰਨ ਵਾਸਤੇ ਮਨੁੱਖਤਾ ਨੂੰ ਭੈਅ ਮੁਕਤ ਕੀਤਾ। ਉਨ੍ਹਾ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਵੀ ਕੀਤੀ। ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੀ ਵੱਡੀ ਗਿਣਤੀ ਵਿਚ ਸੰਗਤਾਂ ਨੇ, ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਲੰਗਰ ਅਤੁੱਟ ਵਰਤਾਏ ਗਏ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੋਹਾਲੀ ਦੇ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਮੱਥਾ ਟੇਕਿਆ ਅਤੇ ਸੂਬੇ ਦੀ ਤਰੱਕੀ ਤੇ ਖ਼ੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਸਿੱਖ

ਗੁਰੂਆਂ ਨੇ ਸਾਨੂੰ ਜ਼ੁਲਮ, ਅਨਿਆਂ ਅਤੇ ਜ਼ੁਲਮ ਦਾ ਡਟ ਕੇ ਵਿਰੋਧ ਕਰਨ ਦਾ ਉਪਦੇਸ਼ ਦਿੱਤਾ ਏ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਗਿਆਨ ਅਤੇ ਸਿਆਣਪ ਦਾ ਖ਼ਜ਼ਾਨਾ ਏ , ਜੋ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਏ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਮਹਾਨ ਗੁਰੂਆਂ ਦੇ ਪਾਏ ਪੂਰਨਿਆਂ 'ਤੇ ਚੱਲ ਕੇ ਲੋਕਾਂ ਦੀ ਸੇਵਾ ਕਰ ਰਹੀ ਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪਹਿਲੀ ਵਾਰ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਕਰਕੇ, ਧਰਤੀ ਹੇਠਲਾ ਪਾਣੀ ਬਚਾਉਣ ਲਈ ਵੱਡੀ ਯੋਜਨਾ ਸ਼ੁਰੂ ਕੀਤੀ ਏ।

---------------------------------------------------------------

ਲੁਧਿਆਣਾ ਵਿਖੇ ਸਤਲੁਜ ਦਰਿਆ 'ਚ ਨਹਾਉਣ ਗਏ 7 ਨੌਜਵਾਨਾਂ ਵਿਚੋਂ 2 ਦੀ ਡੁੱਬਣ ਕਾਰਨ ਮੌਤ ਹੋ ਗਈ ਏ, ਜਦਕਿ ਦੋ ਨੂੰ ਬਚਾ ਲਿਆ ਗਿਆ ਏ ਅਤੇ ਬਾਕੀ ਤਿੰਨ ਦੀ ਭਾਲ ਜਾਰੀ ਏ। ਲੁਧਿਆਣਾ ਤੋਂ ਸਾਡੀ ਪਤਰਕਾਰ ਨੇ ਖਬਰ ਦਿਤੀ ਏ ਕਿ ਗਰਮੀ ਤੋਂ ਰਾਹਤ ਪਾਉਣ ਲਈ 7 ਨੌਜਵਾਨ ਕਲ ਸ਼ਾਮ 4 ਵਜੇ ਲੁਧਿਆਣਾ 'ਚ ਸਤਲੁਜ ਦਰਿਆ 'ਚ ਨਹਾਉਣ ਗਏ ਸਨ, ਪਰ ਉਹ ਹਾਦਸੇ ਦਾ ਸ਼ਿਕਾਰ ਹੋ ਗਏ

ਅਤੇ 5 ਨੌਜਵਾਨ ਪਾਣੀ 'ਚ ਡੁੱਬ ਗਏ, ਜਿੰਨਾਂ ਵਿੱਚੋਂ 2 ਦੀਆਂ ਮ੍ਰਿਤਕ ਦੇਹਾਂ ਮਿਲ ਗਈਆਂ ਨੇ । ਬਚਾਅ ਟੀਮਾਂ ਵੱਲੋਂ ਬਾਂਕੀਆਂ ਦੀ ਭਾਲ ਕੀਤੀ ਜਾ ਰਹੀ ਏ। ਪੁਲਿਸ ਗੋਤਾਖੋਰਾਂ ਦੀ ਵੀ ਮਦਦ ਲੈ ਰਹੀ ਏ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਏ ਜਿਨ੍ਹਾਂ ਲੋਕਾਂ ਨੂੰ ਤੈਰਨਾ ਨਹੀਂ ਆਉਂਦਾ ਉਨ੍ਹਾਂ ਨੂੰ ਦਰਿਆ ਵਿੱਚ ਨਹੀਂ ਆਉਣਾ ਚਾਹੀਦਾ । ਇਹ ਨੌਜਵਾਨ ਲੁਧਿਆਣਾ ਦੇ ਪਿੰਡ ਕਾਸਾਬਾਦ ਦੇ ਰਹਿਣ ਵਾਲੇ ਨੇ, ਜਿਨ੍ਹਾਂ ਦੀ ਉਮਰ 18 ਸਾਲ ਤੋਂ ਲੈ ਕੇ 21 ਸਾਲ ਦੇ ਵਿਚਕਾਰ ਏ।

---------------------------------------------------------

ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟਰੇਟ ਕੰਚਨ ਨੇ ਫੌਜਦਾਰੀ ਜਾਬਤਾ ਸੰਘਤਾ ਦੀ ਧਾਰਾ 144 ਅਧੀਨ ਜ਼ਿਲੇ ਦੀ ਹੱਦ ਅੰਦਰੋਂ ਵੱਖ ਵੱਖ ਥਾਵਾਂ ਤੋਂ ਲੰਘਦੀ ਭਾਖੜਾ ਨਹਿਰ ਅਤੇ ਹੋਰ ਵੱਡੀਆਂ-ਛੋਟੀਆਂ ਨਦੀਆਂ, ਨਹਿਰਾਂ ਵਿੱਚ ਕਿਸੇ ਵੀ ਸਥਾਨ 'ਤੇ ਆਮ ਲੋਕਾਂ ਦੇ ਨਹਾਉਣ ਅਤੇ ਤੈਰਨ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਨੇ । ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਦੇ ਖਿਲਾਫ ਕਾਨੂੰਨੀ ਕਾਰਵਾਈ ਨੂੰ ਅਮਲ ਵਿੱਚ ਲਿਆਉਣ ਦੇ ਹੁਕਮ ਦਿੱਤੇ

ਨੇ। ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਗਰਮੀ ਦਾ ਮੌਸਮ ਹੋਣ ਕਾਰਨ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀ ਅਤੇ ਆਮ ਲੋਕ ਜਿਨ੍ਹਾਂ ਵਿੱਚ ਬੱਚੇ ਤੇ ਨੌਜਵਾਨ ਵੀ ਸ਼ਾਮਲ ਹੁੰਦੇ ਨੇ , ਭਾਖੜਾ ਨਹਿਰ ਅਤੇ ਜ਼ਿਲ੍ਹੇ ਦੀਆਂ ਹੋਰ ਵੱਡੀਆਂ ਤੇ ਛੋਟੀਆਂ ਨਹਿਰਾਂ ਵਿੱਚ ਨਹਾਉਣ ਲਈ ਜਾਂਦੇ ਨੇ। ਉਨ੍ਹਾਂ ਕਿਹਾ ਕਿ ਕਈ ਵਾਰ ਪਾਣੀ ਦੇ ਤੇਜ਼ ਵਹਾਅ ਕਾਰਨ ਇਨ੍ਹਾਂ ਨਦੀਆਂ/ਨਹਿਰਾਂ ਵਿੱਚ ਤੈਰਨ/ਨਹਾਉਣ ਵਾਲੇ ਵਿਅਕਤੀ ਪਾਣੀ ਵਿੱਚ ਰੁੜ੍ਹ ਜਾਂ ਡੁੱਬ ਜਾਂਦੇ ਨੇ ਜਿਸ ਕਾਰਨ ਨਹਿਰਾਂ ਵਿੱਚ ਨਹਾਉਣ 'ਤੇ ਪੂਰਨ ਪਾਬੰਦੀ ਲਗਾਈ ਗਈ ਏ। ਇਹ ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

---

ਸੀਮਾ ਸੁਰੱਖਿਆ ਬਲ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਰਤਨ-ਖੁਰਦ ਨੇੜਿਓਂ, ਇਕ ਡਰੋਨ ਅਤੇ 530 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ। ਹਿੰਦੁਸਥਾਨ ਸਮਾਚਾਰ ਏਜੰਸੀ ਤੋਂ ਮਿਲੀ ਜਾਣਕਾਰੀ ਮੁਤਾਬਿਕ, ਬੀ. ਐਸ. ਐਫ. ਖੁਫੀਆ ਵਿੰਗ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਰਤਨ-ਖੁਰਦ ਨੇੜੇ ਸਰਹੱਦ ਪਾਰ ਤੋਂ ਇੱਕ ਡਰੋਨ ਦੀ ਵਰਤੋਂ ਕਰਕੇ ਨਸ਼ੀਲੇ

ਪਦਾਰਥਾਂ ਦੀ ਤਸਕਰੀ ਦੀ ਕੋਸ਼ਿਸ਼ ਬਾਰੇ ਅਗਾਊਂ ਜਾਣਕਾਰੀ ਦਿੱਤੀ ਸੀ, ਇਸਤੇ  ਕਾਰਵਾਈ ਕਰਦੇ ਹੋਏ, ਬੀ. ਐਸ. ਐਫ. ਦੇ ਜਵਾਨਾਂ ਨੇ ਹੈਰੋਇਨ ਦੀ ਤਸਕਰੀ ਨੂੰ ਰੋਕਣ ਲਈ ਸ਼ੱਕੀ ਇਲਾਕੇ 'ਚ ਤਲਾਸ਼ੀ ਮੁਹਿੰਮ ਚਲਾਈ, ਜਿਸ ਦੌਰਾਨ ਜਵਾਨਾਂ ਨੇ ਪਿੰਡ ਰਤਨਖੁਰਦ ਦੇ ਬਾਹਰਵਾਰ ਸਰਹੱਦੀ ਸੁਰੱਖਿਆ ਵਾੜ ਦੇ ਨੇੜੇ ਇੱਕ ਡਰੋਨ ਅਤੇ 530 ਗ੍ਰਾਮ ਹੈਰੋਇਨ  ਦਾ ਇੱਕ ਪੈਕੇਟ  ਬਰਾਮਦ ਕੀਤਾ। ਨਸ਼ੀਲੇ ਪਦਾਰਥ ਨੂੰ ਪੀਲੀ ਚਿਪਕਣ ਵਾਲੀ ਟੇਪ ਵਿੱਚ ਲਪੇਟਿਆ ਹੋਇਆ ਸੀ ਅਤੇ ਇੱਕ ਛੋਟੀ ਐਲ.ਈ.ਡੀ ਲਾਈਟ ਅਤੇ ਇੱਕ ਕਾਲੇ ਧਾਗੇ ਦੀ ਲੂਪ ਵੀ ਪੈਕੇਟ ਨਾਲ ਜੁੜੀ ਹੋਈ ਸੀ। ਬਰਾਮਦ ਕੀਤਾ ਡਰੋਨ ਚੀਨ ਦਾ ਬਣਿਆ ਹੋਇਆ ਏ।

---------------------------------------------------------

ਅਖੀਰ ਵਿਚ ਖਾਸ ਖਬਰਾਂ ਇਕ ਵਾਰ ਫੇਰ ਤੋਂ

- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ ਅੱਜ ਤੀਜੀ ਵਾਰ ਪ੍ਰਧਾਨ ਮੰਤਰੀ ਵਜੋਂ ਅਹੁਦਾ ਸੰਭਾਲਿਆ- ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਦੀ 17ਵੀਂ ਕਿਸ਼ਤ ਜਾਰੀ ਕੀਤੀ।

- ਜਲੰਧਰ ਪੱਛਮੀ ਵਿਧਾਨ ਸਭਾ ਸੀਟ ਲਈ ਜ਼ਿਮਨੀ ਚੋਣ ਲਈ ਵੋਟਾਂ 10 ਜੁਲਾਈ ਨੂੰ।
- ਸ਼ਹੀਦਾਂ ਦੇ ਸਿਰਤਾਜ 5ਵੇਂ ਪਾਤਸ਼ਾਹ, ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ।
- ਲੁਧਿਆਣਾ ਵਿਖੇ ਸਤਲੁਜ ਦਰਿਆ 'ਚ ਨਹਾਉਣ ਗਏ 7 ਨੌਜਵਾਨਾਂ ਵਿਚੋਂ 5 ਡੁੱਬੇ, 2 ਦੀ ਮੌਤ ਤੇ ਬਾਕੀਆਂ ਦੀ ਭਾਲ ਜਾਰੀ ।